**ਜ਼ਰੂਰੀ ਸੂਚਨਾ**

ਮਾਲਵਾ ਬਾਣੀ ਵਿੱਚ ਆਪਣੇ ਸ਼ਹਿਰ ਦੀ ਖ਼ਬਰ ਭੇਜਣ ਜਾਂ ਇਸ਼ਤਿਹਾਰ ਦੇਣ ਸੰਬੰਧੀ ਹੇਠ ਲਿਖੇ ਨੰਬਰਾਂ ਤੇ ਸੰਪਰਕ ਕੀਤਾ ਜਾਵੇ।

ਮੋ: 78890-72071, 96539-55551



Rni.PUNPUN/2022/85964

# ਮਾਲਵਾ ਬਾਣੀ

E.mail. malwabani2021@gmail.com

ਸਾਲ 4 ■ ਅੰਕ 293 ■ 17 ਜਨਵਰੀ 2026 ■ ਸ਼ਨੀਵਾਰ ■ ਸਫ਼ੇ 6 ■ ਮੁੱਲ 2 ਰੁਪਏ ■ ਸ੍ਰੀ ਮੁਕਤਸਰ ਸਾਹਿਬ



**ਪੱਤਰਕਾਰਾਂ ਦੀ ਲੋੜ ਹੈ**

ਸ੍ਰੀ ਮੁਕਤਸਰ ਸਾਹਿਬ ਤੋਂ ਰੋਜ਼ਾਨਾ ਪ੍ਰਕਾਸ਼ਿਤ ਹੁੰਦੇ ਮਾਲਵਾ ਬਾਣੀ ਅਖ਼ਬਾਰ ਨੂੰ ਵੱਖ ਵੱਖ ਜਿਲ੍ਹਿਆਂ ਵਿੱਚੋਂ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਪੱਤਰਕਾਰ ਬਣਨ ਲਈ ਸੰਪਰਕ ਕਰਨ।

ਮੋ. 78890-72071


## ਡੀਸੀ ਦਫ਼ਤਰ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਆਈ ਧਮਕੀ ਤੋਂ ਬਾਅਦ ਡੀਸੀ ਦਫ਼ਤਰ ਕਰਵਾਇਆ ਖਾਲੀ

### ਮੌਕੇ ਤੇ ਪਹੁੰਚ ਕੇ ਪੁਲਿਸ ਨੇ ਕੀਤੀ ਛਾਣਬੀਣ, ਕੋਈ ਵੀ ਇਤਰਾਜਯੋਗ ਵਸਤੂ ਬਰਾਮਦ ਨਹੀਂ ਹੋਈ- ਡੀਐਸਪੀ




**ਸ੍ਰੀ ਮੁਕਤਸਰ ਸਾਹਿਬ, 16 ਜਨਵਰੀ (ਰਵੀਨਾ ਅਰੋੜਾ)** ਸ੍ਰੀ ਮੁਕਤਸਰ ਸਾਹਿਬ ਦੇ ਡਿਪਟੀ ਕਮਿਸ਼ਨਰ ਦਫ਼ਤਰ ਨੂੰ ਈਮੇਲ ਰਾਹੀਂ ਬੰਬ ਨਾਲ ਉਡਾਉਣ ਦੀ ਆਈ ਧਮਕੀ ਤੋਂ ਬਾਅਦ ਪੂਰਾ ਡਿਪਟੀ ਕਮਿਸ਼ਨਰ ਦਫ਼ਤਰ ਖਾਲੀ ਕਰਵਾ ਦਿੱਤਾ ਗਿਆ। ਦੱਸਣਯੋਗ ਹੈ ਕਿ ਈਮੇਲ ਰਾਹੀਂ ਇਕ ਧਮਕੀ ਪ੍ਰਾਪਤ ਹੋਈ ਸੀ ਜਿਸਤੋਂ ਬਾਅਦ ਡਿਪਟੀ ਕਮਿਸ਼ਨਰ ਦਾ ਸਮੁੱਚਾ ਦਫ਼ਤਰ ਖਾਲੀ ਕਰਵਾ ਲਿਆ ਗਿਆ ਅਤੇ ਆਮ ਲੋਕਾਂ ਨੂੰ ਵੀ ਪੁਲਿਸ ਨੇ ਵਾਪਸ ਭੇਜ ਦਿੱਤਾ। ਜਿਸਤੋਂ ਬਾਅਦ ਪੁਲਿਸ ਮਾਮਲੇ ਦੀ ਜਾਂਚ ਵਿਚ ਜੁੱਟ ਗਈ ਅਤੇ ਵੱਡੀ ਗਿਣਤੀ 'ਚ ਪੁਲਿਸ ਪਾਰਟੀਆਂ ਡਿਪਟੀ ਕਮਿਸ਼ਨਰ ਦਫ਼ਤਰ ਅੰਦਰ ਪਹੁੰਚ ਗਈਆਂ ਅਤੇ ਬੰਬ ਨਿਰੋਧਕ ਦਸਤੇ ਵੀ ਅੰਦਰ ਪਹੁੰਚ ਗਏ। ਜਿਸਤੋਂ ਬਾਅਦ ਪੂਰੇ ਦਫ਼ਤਰ ਦੀ ਜਾਂਚ ਸ਼ੁਰੂ ਕੀਤੀ ਗਈ। ਇਸਤੋਂ ਪਹਿਲਾਂ ਵੀ ਪੰਜਾਬ ਵਿਚ ਕਈ ਸਕੂਲਾਂ ਨੂੰ ਧਮਕੀਆਂ ਮਿਲੀਆਂ ਪਰ ਉਹ ਅਫਵਾਹਾਂ ਨਿਕਲੀਆਂ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡੀਐਸਪੀ ਬਚਨ ਸਿੰਘ ਨੇ ਦੱਸਿਆ ਕਿ ਇਕ ਈਮੇਲ ਆਈ ਸੀ ਜਿਸ ਵਿਚ ਦੱਸਿਆ ਸੀ ਕਿ ਡੀਸੀ ਦਫ਼ਤਰ ਦੇ ਅੰਦਰ ਤਿੰਨ ਬੰਬ ਰੱਖੇ ਗਏ ਹਨ, ਜਿਸਤੇ ਪੁਲਿਸ ਨੇ ਤੁਰੰਤ ਕਾਰਵਾਈ ਕਰਦੇ ਹੋਏ ਡੀਸੀ ਦਫ਼ਤਰ ਪਹੁੰਚ ਕੇ ਮੁਲਾਜਮਾਂ ਨੂੰ ਬਾਹਰ ਭੇਜਿਆ ਗਿਆ ਅਤੇ ਸਪੈਸ਼ਲ ਟੀਮ ਵਲੋਂ ਜਾਂਚ ਕੀਤੀ ਗਈ ਅਤੇ ਬੰਬ ਡਿਸਪੋਜਲ ਟੀਮਾਂ ਲਗਾ ਕੇ ਪੂਰੇ ਕੰਪਲੈਕਸ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਇਸ ਜਾਂਚ ਦੌਰਾਨ ਕੋਈ ਵੀ ਇਤਰਾਜਯੋਗ ਵਸਤੂ ਬਰਾਮਦ ਨਹੀਂ ਹੋਈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਲਾਵਾਰਿਸ ਵਸਤੂ ਮਿਲਦੀ ਹੈ ਤਾਂ ਉਸ ਨਾਲ ਛੇੜਛਾੜ ਨਾ ਕੀਤੀ ਜਾਵੇ ਅਤੇ ਉਸਦੀ ਸੂਚਨਾ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ।

### ਝੂਠੀਆਂ ਅਫਵਾਹਾਂ ਫਲਾਉਣ ਵਾਲੇ ਖਿਲਾਫ ਹੋਵੇਗੀ ਸਖਤ ਕਾਰਵਾਈ - ਡਿਪਟੀ ਕਮਿਸ਼ਨਰ

**ਬੰਬ ਦੀ ਧਮਕੀ ਦੇਣ ਵਾਲੇ ਖਿਲਾਫ ਉੱਚ ਪੱਧਰੀ ਜਾਂਚ ਸ਼ੁਰੂ ਹਰ ਵਿਅਕਤੀ ਦੀ ਸੁਰੱਖਿਆ ਪੰਜਾਬ ਸਰਕਾਰ ਦੀ ਜਿੰਮੇਵਾਰੀ**

**ਸ੍ਰੀ ਮੁਕਤਸਰ ਸਾਹਿਬ, 16 ਜਨਵਰੀ (ਰਵੀਨਾ ਅਰੋੜਾ)** ਅੱਜ ਤੜਕਸਾਰ ਇੱਕ ਈਮੇਲ ਰਾਹੀਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਵਾਲੇ ਖਿਲਾਫ ਉੱਚ ਪੱਧਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਨੇ ਕਿਹਾ ਕਿ ਇੱਕ ਧਮਕੀ ਭਰੀ ਈਮੇਲ ਪ੍ਰਾਪਤ ਹੋਣ ਉਪਰੰਤ ਸਾਰੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਐਂਟੀ ਸਾਬੋਟਾਜ ਟੀਮ ਵੱਲੋਂ ਚੈਕਿੰਗ ਕੀਤੀ ਗਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਦੁਰਾਨੇ ਤਫਤੀਸ਼ ਅਜਿਹੀ ਕੋਈ ਵੀ ਵਿਸਫੋਟਕ ਸਮਗਰੀ/ਪਦਾਰਥ/ਵਸਤੂ ਬਰਾਮਦ ਨਹੀਂ ਹੋਈ। ਉਹਨਾਂ ਕਿਹਾ ਕਿ ਅਜਿਹੀਆਂ ਅਫਵਾਹਾਂ ਫੈਲਾਉਣ ਵਾਲਿਆਂ ਖਿਲਾਫ਼ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸ ਸਬੰਧੀ ਪੰਜਾਬ ਸਰਕਾਰ ਨੇ ਗੰਭੀਰ ਨੋਟਿਸ ਲਿਆ ਹੈ ਅਤੇ ਇਸ ਅਫਵਾਹ ਨੂੰ ਫੈਲਾਉਣ ਵਾਲੇ ਦੀ ਜਲਦ ਹੀ ਧਰ ਪਕੜ ਕੀਤੀ ਜਾਵੇਗੀ।

## ਸਿਵਿਲ ਸਰਜਨ ਸ੍ਰੀ ਮੁਕਤਸਰ ਸਾਹਿਬ 'ਤੇ 4 ਐਸਐਮਓ ਵੱਲੋਂ ਰਿਸ਼ਵਤ ਅਤੇ ਮਨਮਾਨੀ ਦੇ ਕਥਿਤ ਗੰਭੀਰ ਦੋਸ਼

### ਮਲੋਟ ਅਤੇ ਆਸ-ਪਾਸ ਦੇ ਸੀਐਚਸੀ ਵਿੱਚ ਡਿਊਟੀ, ਡਰੱਗ ਟੈਸਟ ਅਤੇ ਪੈਸਿਆਂ ਨੂੰ ਲੈ ਕੇ ਸ਼ਿਕਾਇਤਾਂ ਮੁੱਖ ਮੰਤਰੀ ਤੱਕ ਪਹੁੰਚੀਆਂ

**ਮਲੋਟ 16 ਜਨਵਰੀ (ਹਰਦੀਪ ਸਿੰਘ ਖਾਲਸਾ)** - ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਸਿਹਤ ਪ੍ਰਸ਼ਾਸਨ ਵਿੱਚ ਗੜਬੜੀ ਅਤੇ ਭ੍ਰਿਸ਼ਟਾਚਾਰ ਦੇ ਆਰੋਪ ਸਾਹਮਣੇ ਆਏ ਹਨ। ਜ਼ਿਲ੍ਹੇ ਦੇ ਸਿਵਿਲ ਹਸਪਤਾਲ ਮਲੋਟ ਅਤੇ ਤਿੰਨ ਸਿਹਤ ਕੇਂਦਰਾਂ (ਮਲੋਟ, ਸੀਐਚਸੀ ਆਲਮਵਾਲਾ, ਦੋਦਾ ਅਤੇ ਲੰਬੀ) ਦੇ ਸੀਨੀਅਰ ਮੈਡੀਕਲ ਅਧਿਕਾਰੀਆਂ (ਐਸਐਮਓ) ਨੇ ਸਿਵਿਲ ਸਰਜਨ ਡਾ. ਰਾਜ ਕੁਮਾਰ 'ਤੇ ਗੰਭੀਰ ਆਰੋਪ ਲਗਾਏ ਹਨ। ਆਰੋਪਾਂ ਦੇ ਅਨੁਸਾਰ ਅਧਿਕਾਰੀਆਂ ਨੂੰ ਧਮਕਾ ਕੇ ਪੈਸੇ ਮੰਗੇ ਜਾਂਦੇ ਹਨ, ਡਰੱਗ ਟੈਸਟ ਅਤੇ ਡਿਊਟੀ ਵਿੱਚ ਮਨਮਾਨੀ ਕੀਤੀ ਜਾਂਦੀ ਹੈ ਅਤੇ ਹਸਪਤਾਲ ਦੇ ਕਰਮਚਾਰੀਆਂ ਦੀ ਡਿਊਟੇਸ਼ਨ ਬਿਨਾਂ ਚਰਚਾ ਬਦਲੀ ਜਾਂਦੀ ਹੈ।

ਮਲੋਟ ਦੇ ਮੌਜੂਦਾ ਐਸਐਮਓ ਡਾਕਟਰ ਰਜਿੰਦਰ ਕੁਮਾਰ ਨੇ ਆਪਣੇ ਪੱਤਰ ਵਿੱਚ ਲਿਖਿਆ ਕਿ ਉਹਨਾਂ ਨੂੰ ਸਿਵਿਲ ਸਰਜਨ ਡਰੱਗ ਟੈਸਟ 'ਚ ਦਬਾਅ ਅਤੇ 25 ਹਜ਼ਾਰ ਰੁਪਏ ਦੀ ਵਸੂਲੀ ਸਬੰਧੀ ਮੁੱਖ ਮੰਤਰੀ ਨੂੰ ਭੇਜੀ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਸਿਵਿਲ ਸਰਜਨ ਨੇ ਉਨ੍ਹਾਂ ਨੂੰ ਧਮਕਾ ਕੇ ਪੈਸੇ ਦੇਣ ਲਈ ਕਿਹਾ ਅਤੇ ਡਰੱਗ ਟੈਸਟ ਲਈ ਮਨਪਸੰਦ ਡਾਕਟਰ ਦੀ ਡਿਊਟੀ ਲਗਾਉਣ ਦਾ ਦਬਾਅ ਬਣਾਇਆ। ਸ਼ਿਕਾਇਤ ਵਿੱਚ ਦਾਅਵਾ ਕੀਤਾ ਗਿਆ ਹੈ ਕਿ ਹੁਣ ਤੱਕ ਉਨ੍ਹਾਂ ਕੋਲੋਂ 25,000 ਰੁਪਏ ਲਏ ਗਏ ਹਨ। ਡਾ. ਰਜਿੰਦਰ ਦੇ ਅਨੁਸਾਰ ਬਿਨਾਂ ਕਿਸੇ ਚਰਚਾ ਦੇ ਮੈਡੀਕਲ ਸਟਾਫ ਅਤੇ ਅਧਿਕਾਰੀਆਂ ਦੀ ਡਿਊਟੀ ਬਦਲੀ ਜਾਂਦੀ ਹੈ, ਜਿਸ ਕਾਰਨ ਹਸਪਤਾਲ ਦਾ ਕੰਮ ਪ੍ਰਭਾਵਿਤ ਹੋ ਰਿਹਾ ਹੈ ਅਤੇ ਉਹ ਮਾਨਸਿਕ ਤਣਾਅ ਦਾ ਸਾਹਮਣਾ ਕਰ ਰਹੇ ਹਨ। ਉਹਨਾਂ ਕਿਹਾ ਕਿ ਭਾਵੇਂ ਕਿ ਉਨਾਂ ਨੇ ਸਿੱਧੇ ਤੌਰ ਤੇ ਆਪ ਪੈਸੇ ਨਹੀਂ ਲਏ ਦਫਤਰ ਦੇ ਸਟਾਫ ਨਾਲ ਮਿਲ ਕੇ ਉਹ ਪੈਸਿਆਂ ਦੀ ਵਸੂਲੀ ਕਰਦੇ ਹਨ ਇਸੇ ਤਰ੍ਹਾਂ ਹੀ ਸੀਐਚਸੀ ਆਲਮਵਾਲਾ ਤੇ ਐਸਐਮਓ ਵੱਲੋਂ ਵੀ ਇੱਕ ਪੱਤਰ ਲਿਖਿਆ ਗਿਆ।

### ਮਾਘੀ ਮੇਲੇ ਦੌਰਾਨ ਪੈਸਿਆਂ ਦੀ ਮੰਗ

ਸੀਐਚਸੀ ਆਲਮਵਾਲਾ ਦੇ ਸੀਨੀਅਰ ਮੈਡੀਕਲ ਅਧਿਕਾਰੀ ਡਾ. ਮਿੱਤਲ ਨੇ ਦੱਸਿਆ ਕਿ ਸਿਵਿਲ ਸਰਜਨ ਵੱਲੋਂ ਵੱਖ-ਵੱਖ ਬਹਾਨਿਆਂ ਨਾਲ ਪੈਸੇ ਮੰਗੇ ਜਾਂਦੇ ਹਨ। ਮਾਘੀ ਮੇਲੇ ਦੌਰਾਨ ਉਨ੍ਹਾਂ ਨੂੰ ਸਮਾਨ ਦੀ ਸੂਚੀ ਦਿੱਤੀ ਗਈ ਅਤੇ ਆਪਣੀ ਜੇਬੋਂ ਖਰੀਦਣ ਲਈ ਮਜ਼ਬੂਰ ਕੀਤਾ ਗਿਆ। ਹੁਣ ਤੱਕ ਉਨ੍ਹਾਂ ਕੋਲੋਂ ਲਗਭਗ 20,000 ਰੁਪਏ ਵਸੂਲ ਕੀਤੇ ਜਾ ਚੁੱਕੇ ਹਨ।

### ਸੀਐਚਸੀ ਦੋਦਾ ਅਤੇ ਲੰਬੀ: ਮਾਸਿਕ ਵਸੂਲੀ ਅਤੇ ਮਨਮਾਨੀ

ਸੀਐਚਸੀ ਦੋਦਾ ਦੇ ਕਾਰਜਕਾਰੀ ਸੀਨੀਅਰ ਮੈਡੀਕਲ ਅਧਿਕਾਰੀ ਡਾ. ਰੌਬਿਨ ਕੁਮਾਰ ਨੇ ਆਰੋਪ ਲਾਇਆ ਕਿ ਸਿਵਿਲ ਸਰਜਨ ਵੱਲੋਂ ਦਫ਼ਤਰ ਬੁਲਾਕੇ 15,000 ਰੁਪਏ ਪ੍ਰਤੀ ਮਹੀਨਾ ਮੰਗੇ ਜਾਂਦੇ ਰਹੇ। ਡਰਾਈਵਰ ਦੇ ਟਰਾਂਸਫਰ ਰੋਕਣ ਲਈ 5,000 ਰੁਪਏ ਵੀ ਲਏ ਗਏ। ਹੁਣ ਤੱਕ ਕੁੱਲ 30,000 ਰੁਪਏ ਵਸੂਲ ਹੋ ਚੁੱਕੇ ਹਨ।

ਸੀਐਚਸੀ ਲੰਬੀ ਦੇ ਸੀਨੀਅਰ ਮੈਡੀਕਲ ਅਧਿਕਾਰੀ ਡਾ. ਹਰਿੰਦਰਪਾਲ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਕੇਂਦਰ ਦੇ ਕਰਮਚਾਰੀਆਂ ਦੀ ਡਿਊਟੇਸ਼ਨ ਬਿਨਾਂ ਜਾਣੂ ਕਰਨ ਕੀਤੀ ਜਾਂਦੀ ਹੈ। ਸਿਵਿਲ ਸਰਜਨ ਵੱਲੋਂ ਉਨ੍ਹਾਂ ਕੋਲੋਂ 15,000 ਰੁਪਏ ਪ੍ਰਤੀ ਮਹੀਨਾ ਮੰਗੇ ਜਾਂਦੇ ਰਹੇ ਅਤੇ ਹੁਣ ਤੱਕ ਲਗਭਗ 25,000 ਰੁਪਏ ਵਸੂਲ ਹੋ ਚੁੱਕੇ ਹਨ।

### ਐਸਐਮਓ ਨੇ ਸਿਹਤ ਮੰਤਰੀ ਕੋਲ ਵੀ ਸ਼ਿਕਾਇਤ ਕੀਤੀ

ਇਸ ਮਾਮਲੇ ਵਿੱਚ ਮਲੋਟ ਸਿਵਿਲ ਹਸਪਤਾਲ ਦੇ ਐਸਐਮਓ ਡਾ. ਰਜਿੰਦਰ ਕੁਮਾਰ ਨੇ ਪੁਸ਼ਟੀ ਕੀਤੀ ਸਾਡੇ ਨਾਲ ਗੱਲ ਕਰਦਿਆਂ ਉਨ੍ਹਾਂ ਅਤੇ ਹੋਰ ਉਹਨਾਂ ਮੰਨਿਆ ਕੀ ਉਹਨਾਂ ਸਮੇਤ ਉਕਤ ਐਸਐਮਓਆਂ ਵੱਲੋਂ ਇਹ ਸ਼ਿਕਾਇਤਾਂ ਲਿਖਤੀ ਰੂਪ ਵਿੱਚ ਭੇਜੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਮਾਘੀ ਮੇਲੇ ਦੌਰਾਨ ਪੰਜਾਬ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨਾਲ ਵੀ ਮਿਲ ਕੇ ਆਪਣੀਆਂ ਸਮੱਸਿਆਵਾਂ ਦੱਸੀਆਂ ਅਤੇ ਉਪ ਮਾਮਲੇ ਵਿੱਚ ਕਾਰਵਾਈ ਕਰਨ ਦੀ ਮੰਗ ਵੀ ਕੀਤੀ ਗਈ।

### ਨਿਰਪੱਖ ਜਾਂਚ ਦੀ ਮੰਗ

ਤਿੰਨਾਂ ਅਧਿਕਾਰੀਆਂ ਨੇ ਕਿਹਾ ਕਿ ਲਗਾਤਾਰ ਦਬਾਅ ਅਤੇ ਪੈਸਿਆਂ ਦੀ ਮੰਗ ਕਾਰਨ ਉਹ ਮਾਨਸਿਕ ਤਣਾਅ ਦਾ ਸਾਹਮਣਾ ਕਰ ਰਹੇ ਹਨ ਅਤੇ ਹਸਪਤਾਲਾਂ ਦਾ ਸਹੀ ਤਰੀਕੇ ਨਾਲ ਚਲਾਉਣਾ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਮੁੱਖ ਮੰਤਰੀ ਕੋਲ ਅਪੀਲ ਕੀਤੀ ਹੈ ਕਿ ਮਾਮਲੇ ਦੀ ਨਿਰਪੱਖ ਜਾਂਚ ਕਰਵਾਈ ਜਾਵੇ ਅਤੇ ਦੋਸ਼ੀ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

ਇਸ ਸਬੰਧ ਵਿੱਚ ਸਿਵਿਲ ਸਰਜਨ ਡਾ. ਰਾਜ ਕੁਮਾਰ ਨੇ ਆਰੋਪਾਂ ਨੂੰ ਝੂਠਾ ਦੱਸਿਆ ਅਤੇ ਕਿਹਾ ਕਿ ਇਹ ਆਰੋਪ ਗਲਤ ਹਨ ਅਤੇ ਉਹ ਐਸਾ ਕਰਨ ਬਾਰੇ ਸੋਚ ਵੀ ਨਹੀਂ ਸਕਦੇ।

## ਸੰਘਣੀ ਧੁੰਦ ਕਾਰਨ ਮਲੋਟ ਦੇ ਸ੍ਰੀ ਗੁਰੂ ਨਾਨਕ ਦੇਵ ਚੌਕ 'ਚ ਵੱਡਾ ਹਾਦਸਾ, ਮਲੇਰਕੋਟਲੇ ਤੋਂ ਰਾਜਸਥਾਨ ਜਾ ਰਹੀ ਸਬਜ਼ੀ ਨਾਲ ਭਰੀ ਮਹਿੰਦਰਾ ਪਲਟੀ



**ਮਲੋਟ 16 ਜਨਵਰੀ (ਹਰਦੀਪ ਸਿੰਘ ਖਾਲਸਾ)** ਸ਼ੁੱਕਰਵਾਰ ਸਵੇਰੇ ਸੰਘਣੀ ਧੁੰਦ ਦੇ ਚਲਦਿਆਂ ਮਲੋਟ ਦੇ ਤਕੋਨੀ ਚੌਂਕ ਸ੍ਰੀ ਗੁਰੂ ਨਾਨਕ ਦੇਵ ਚੌਂਕ ਵਿੱਚ ਇੱਕ ਵੱਡਾ ਸੜਕ ਹਾਦਸਾ ਵਾਪਰ ਗਿਆ। ਜਾਣਕਾਰੀ ਮੁਤਾਬਕ ਮਲੇਰਕੋਟਲੇ ਤੋਂ ਸਬਜ਼ੀ ਲੈ ਕੇ ਰਾਜਸਥਾਨ ਵੱਲ ਜਾ ਰਹੀ ਮਹਿੰਦਰਾ ਪਿਕਅਪ ਗੱਡੀ ਸੰਘਣੀ ਧੁੰਦ ਕਾਰਨ ਬੇਕਾਬੂ ਹੋ ਗਈ ਅਤੇ ਚੌਂਕ ਵਿੱਚ ਸਥਿਤ ਚਾਰ ਦਿਵਾਰੀਆਂ ਨਾਲ ਟਕਰਾਉਣ ਤੋਂ ਬਾਅਦ ਚੌਂਕ ਦੇ ਉੱਪਰ ਹੀ ਪਲਟ ਗਈ। ਹਾਦਸੇ ਦੌਰਾਨ ਗੱਡੀ ਵਿੱਚ ਭਰੀ ਹੋਈ ਸਬਜ਼ੀ ਦੂਰ-ਦੂਰ ਤੱਕ ਸੜਕ 'ਤੇ ਖਿੱਲਰ ਗਈ, ਜਿਸ ਕਾਰਨ ਕੁਝ ਸਮੇਂ ਲਈ ਆਵਾਜਾਈ ਵੀ ਪ੍ਰਭਾਵਿਤ ਰਹੀ। ਮੌਕੇ 'ਤੇ ਮੌਜੂਦ ਸੜਕ ਸੁਰੱਖਿਆ ਫੋਰਸ ਦੇ ਜਵਾਨਾਂ ਨੇ ਤੁਰੰਤ ਮੌਕੇ 'ਤੇ ਪਹੁੰਚ ਕੇ ਗੱਡੀ ਦੇ ਚਾਲਕ ਨੂੰ ਸੁਰੱਖਿਅਤ ਬਾਹਰ ਕੱਢਿਆ। ਖੁਸ਼ਕਿਸਮਤੀ ਨਾਲ ਇਸ ਹਾਦਸੇ ਵਿੱਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

ਰੋਜ਼ਾਨਾ ਵਾਪਰ ਰਹੇ ਹਾਦਸਿਆਂ ਨੂੰ ਲੈ ਕੇ ਸਥਾਨਕ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਜੇਕਰ ਚੌਂਕ ਦਾ ਆਕਾਰ ਘਟਾਇਆ ਜਾਵੇ ਜਾਂ ਉਚਿਤ ਸੁਰੱਖਿਆ ਅਤੇ ਚੇਤਾਵਨੀ ਬੋਰਡ ਲਗਾਏ ਜਾਣ ਤਾਂ ਅਜਿਹੇ ਹਾਦਸਿਆਂ ਤੋਂ ਬਚਿਆ ਜਾ ਸਕਦਾ ਹੈ।

ਜ਼ਿਕਰਯੋਗ ਹੈ ਕਿ ਸੰਘਣੀ ਧੁੰਦ ਦੇ ਦਿਨਾਂ ਵਿੱਚ ਇਸ ਚੌਂਕ 'ਤੇ ਆਏ ਦਿਨ ਵਾਹਨ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ। ਪਿਛਲੇ ਇੱਕ ਹਫ਼ਤੇ ਦੌਰਾਨ ਹੀ ਦਰਜਨ ਤੋਂ ਵੱਧ ਵਾਹਨਾਂ ਨਾਲ ਇੱਥੇ ਇਸ ਤਰ੍ਹਾਂ ਦੇ ਹਾਦਸੇ ਪੇਸ਼ ਆ ਚੁੱਕੇ ਹਨ।

## ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲੱਖੇਵਾਲੀ ਪੁਲਿਸ ਵੱਲੋਂ ਇੱਕ ਕਾਬੂ, 40 ਨਸ਼ੀਲੀਆਂ ਗੋਲੀਆਂ ਬਰਾਮਦ

**ਮਲੋਟ 16 ਜਨਵਰੀ (ਹਰਦੀਪ ਸਿੰਘ ਖਾਲਸਾ)** ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਐੱਸ.ਪੀ. ਅਭਿਮਨਯੂ ਰਾਣਾ ਦੀ ਅਗਵਾਈ ਹੇਠ ਜ਼ਿਲ੍ਹੇ ਭਰ ਵਿੱਚ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ ਮੁਹਿੰਮ' ਤਹਿਤ ਸਬ ਡਿਵੀਜ਼ਨ ਮਲੋਟ ਦੇ ਡੀਐੱਸਪੀ ਅੰਗਰੇਜ਼ ਸਿੰਘ ਦੀ ਰਹਿਨੁਮਾਈ ਵਿੱਚ ਥਾਣਾ ਲਖੇਵਾਲੀ ਪੁਲਿਸ ਨੇ ਨਸ਼ਿਆਂ ਖ਼ਿਲਾਫ਼ ਕਾਰਵਾਈ ਕਰਦਿਆਂ ਇੱਕ ਵਿਅਕਤੀ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ।

ਪੁਲਿਸ ਤੋਂ ਮਿਲੀ ਜਾਣਕਾਰੀ ਮੁਤਾਬਕ ਸਬ ਇੰਸਪੈਕਟਰ ਹਰਜਿੰਦਰ ਸਿੰਘ ਆਪਣੀ ਪੁਲਿਸ ਪਾਰਟੀ ਸਮੇਤ ਗਸ਼ਤ ਤੇ ਚੈਕਿੰਗ ਦੇ ਸਬੰਧ ਵਿੱਚ ਪਿੰਡ ਲਖੇਵਾਲੀ ਤੋਂ ਕਰੀਬ ਅੱਧਾ ਕਿਲੋਮੀਟਰ ਅੱਗੇ ਇੱਕ ਬੇ-ਆਬਾਦ ਪੈਟਰੋਲ ਪੰਪ ਦੇ ਨੇੜੇ ਪੁੱਜੇ। ਇਸ ਦੌਰਾਨ ਪੈਟਰੋਲ ਪੰਪ ਵਿੱਚ ਬਣੇ ਸ਼ੈਡ ਹੇਠਾਂ ਇੱਕ ਮੋਨਾ ਨੌਜਵਾਨ ਸ਼ੱਕੀ ਹਾਲਤ ਵਿੱਚ ਬੈਠਾ ਨਜ਼ਰ ਆਇਆ। ਜਿਵੇਂ ਹੀ ਉਸ ਨੇ ਪੁਲਿਸ ਪਾਰਟੀ ਦੀ ਗੱਡੀ ਦੇਖੀ ਤਾਂ ਉਹ ਇਕਦਮ ਘਬਰਾ ਕੇ ਖੜ੍ਹਾ ਹੋ ਗਿਆ।

ਸ਼ੱਕ ਦੇ ਆਧਾਰ 'ਤੇ ਪੁਲਿਸ ਨੇ ਨੌਜਵਾਨ ਨੂੰ ਕਾਬੂ ਕਰਕੇ ਤਲਾਸ਼ੀ ਲਈ। ਤਲਾਸ਼ੀ ਦੌਰਾਨ ਉਸ ਦੀ ਪਹਿਨੀ ਹੋਈ ਜੀਨ ਪੈਂਟ ਦੀ ਸਾਹਮਣੀ ਸੱਜੀ ਜੇਬ ਵਿੱਚੋਂ ਇੱਕ ਕਾਲੇ ਰੰਗ ਦੇ ਮੋਮੀ ਲਿਫ਼ਾਫੇ ਵਿੱਚ ਰੱਖੇ ਨਸ਼ੀਲੀਆਂ ਗੋਲੀਆਂ ਦੇ ਚਾਰ ਪੱਤੇ ਬਰਾਮਦ ਹੋਏ। ਹਰ ਪੱਤੇ ਵਿੱਚ 10-10 ਗੋਲੀਆਂ ਸਨ, ਇਸ ਤਰ੍ਹਾਂ ਕੁੱਲ 40 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ।

ਬਰਾਮਦ ਕੀਤੀਆਂ ਗੋਲੀਆਂ ਟਰਾਮਾਡੋਲ ਹਾਈਡਰੋਕਲੋਰਾਈਡ ਟੈਬਲੈਟ (ਕਲੋਬਿਡੋਲ-100) ਮਾਰਕਾ ਦੀਆਂ ਹਨ, ਜਿਨ੍ਹਾਂ 'ਤੇ ਬੈਚ ਨੰਬਰ, ਬਣਾਉ ਮਿਤੀ ਅਤੇ ਮਿਆਦ ਪੁੱਗਣ ਦੀ ਤਾਰੀਖ ਦਰਜ ਨਹੀਂ ਸੀ।

ਪੁਲਿਸ ਵੱਲੋਂ ਨਸ਼ੀਲੀਆਂ ਗੋਲੀਆਂ ਕਬਜ਼ੇ ਵਿੱਚ ਲੈ ਕੇ ਦੋਸ਼ੀ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਦਿਆਂ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਦੋਸ਼ੀ ਤੋਂ ਪੁੱਛਗਿੱਛ ਜਾਰੀ ਹੈ ਅਤੇ ਇਹ ਪਤਾ ਲਗਾਇਆ ਜਾ ਰਿਹਾ ਹੈ ਕਿ ਨਸ਼ੀਲੀਆਂ ਗੋਲੀਆਂ ਕਿੱਥੋਂ ਲਿਆਂਦੀਆਂ ਗਈਆਂ ਸਨ ਅਤੇ ਕਿਸ ਨੂੰ ਸਪਲਾਈ ਕੀਤੀਆਂ ਜਾਣੀਆਂ ਸਨ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਮੁਹਿੰਮ ਅਗੇ ਵੀ ਪੂਰੀ ਸਖ਼ਤੀ ਨਾਲ ਜਾਰੀ ਰਹੇਗੀ।

## ਚੈੱਕ ਬਾਊਂਸ ਮਾਮਲੇ ਵਿੱਚ ਲੋੜੀਂਦੀ ਇੱਕ ਮਹਿਲਾ ਭਗੌੜਾ ਅਪਰਾਧੀ ਗ੍ਰਿਫ਼ਤਾਰ

**ਸਿਰਸਾ, 16 ਜਨਵਰੀ (ਜਗਤਾਰ ਸਮਾਲਸਰ)** ਜ਼ਿਲ੍ਹਾ ਪੁਲਿਸ ਕਪਤਾਨ ਦੀਪਕ ਸਹਾਰਨ ਦੀਆਂ ਹਦਾਇਤਾਂ ਤੇ ਕਾਰਵਾਈ ਕਰਦੇ ਹੋਏ ਜ਼ਿਲ੍ਹੇ ਭਰ ਵਿੱਚ ਵੱਖ-ਵੱਖ ਮਾਮਲਿਆਂ ਵਿੱਚ ਲੋੜੀਂਦੇ ਭਗੌੜਿਆਂ ਵਿਰੁੱਧ ਚਲਾਈ ਜਾ ਰਹੀ ਇੱਕ ਵਿਸ਼ੇਸ਼ ਮੁਹਿੰਮ ਤਹਿਤ ਜ਼ਿਲ੍ਹੇ ਦੇ ਪੀਓ ਸਟਾਫ ਸਿਰਸਾ ਦੀ ਇੱਕ ਪੁਲਿਸ ਟੀਮ ਨੇ ਇੱਕ ਮਹੱਤਵਪੂਰਨ ਸੂਚਨਾ 'ਤੇ ਕਾਰਵਾਈ ਕਰਦਿਆਂ ਪੰਜਾਬ ਦੇ ਸ੍ਰੀ ਮੁਕਤਸਰ ਸਾਹਿਬ ਤੋਂ ਚੈੱਕ ਬਾਊਂਸ ਮਾਮਲੇ ਵਿੱਚ ਲੋੜੀਂਦੀ ਇੱਕ ਮਹਿਲਾ ਭਗੌੜਾ ਅਪਰਾਧੀ ਨੂੰ ਗ੍ਰਿਫ਼ਤਾਰ ਕੀਤਾ ਹੈ। ਪੀਓ ਸਟਾਫ ਦੇ ਇੰਚਾਰਜ ਇੰਸਪੈਕਟਰ ਜਨਕ ਰਾਜ ਨੇ ਦੱਸਿਆ ਕਿ ਮਾਣਯੋਗ ਅਦਾਲਤ ਵੱਲੋਂ ਵਾਰ-ਵਾਰ ਨੋਟਿਸ ਜਾਰੀ ਕਰਨ ਦੇ ਬਾਵਜੂਦ ਦੋਸ਼ੀ ਔਰਤ ਅਦਾਲਤ ਵਿੱਚ ਪੇਸ਼ ਨਹੀਂ ਹੋਈ। ਮਾਣਯੋਗ ਅਦਾਲਤ ਨੇ 19 ਅਗਸਤ, 2025 ਨੂੰ ਮਾਣਯੋਗ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਕਰਨ ਲਈ ਦੋਸ਼ੀ ਔਰਤ ਬਲਜਿੰਦਰ ਕੌਰ ਨੂੰ ਭਗੌੜਾ ਐਲਾਨ ਦਿੱਤਾ ਸੀ। ਗ੍ਰਿਫ਼ਤਾਰ ਕੀਤੀ ਗਈ ਮਹਿਲਾ ਮੁਲਜ਼ਮ ਵਿਰੁੱਧ ਸਿਵਲ ਲਾਈਨਜ਼ ਪੁਲਿਸ ਸਟੇਸ਼ਨ ਸਿਰਸਾ ਵਿਖੇ ਆਈਪੀਸੀ ਦੀ ਧਾਰਾ 209 ਤਹਿਤ ਕੇਸ ਦਰਜ ਕੀਤਾ ਗਿਆ ਸੀ ਅਤੇ ਜਾਂਚ ਪੀਓ ਸਟਾਫ ਸਿਰਸਾ ਨੂੰ ਸੌਂਪੀ ਗਈ ਸੀ। ਸਟਾਫ ਇੰਚਾਰਜ ਨੇ ਦੱਸਿਆ ਕਿ ਪੀ.ਓ. ਸਟਾਫ ਦੀ ਇੱਕ ਪੁਲਿਸ ਟੀਮ ਨੇ ਇੱਕ ਮਹੱਤਵਪੂਰਨ ਸੂਚਨਾ 'ਤੇ ਕਾਰਵਾਈ ਕਰਦਿਆਂ ਮਹਿਲਾ ਭਗੌੜਾ ਅਪਰਾਧੀ ਬਲਜਿੰਦਰ ਕੌਰ ਪਤਨੀ ਸਰਦਾਰਾ ਸਿੰਘ ਵਾਸੀ ਮਦਨ ਕਾਲੋਨੀ, ਸ੍ਰੀ ਮੁਕਤਸਰ ਸਾਹਿਬ (ਪੰਜਾਬ ) ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਮਹਿਲਾ ਮੁਲਾਜ਼ਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਨਿਆਂਇਕ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ਗਿਆ ਹੈ।

## ਰਾਤ ਦੇ ਹਨ੍ਹੇਰੇ ਵਿੱਚ ਦਰਿਆ ਵਿੱਚੋਂ ਰੇਤੇ ਦੀ ਨੇੜਲੇ ਪਿੰਡਾਂ ਰਾਹੀਂ ਨਜਾਇਜ਼ ਮਾਇਨਿੰਗ ਜ਼ੋਰਾਂ 'ਤੇ, ਸਾਰੀ ਰਾਤ ਚੱਲਦਾ ਚਿੱਟੇ ਰੇਤੇ ਦਾ ਕਾਲਾ ਧੰਦਾ





**ਮਾਛੀਵਾੜਾ ਸਾਹਿਬ 16 ਜਨਵਰੀ (ਮਾਸਟਰ ਸਤੀਸ਼ ਕੁਮਾਰ)** ਚਿੱਟੇ ਰੇਤੇ ਦਾ ਕਾਲਾ ਧੰਦਾ ਕਰਨ ਵਾਲੇ ਆਪਣੇ ਸਾਥੀਆਂ ਨਾਲ ਮਿਲ ਕੇ ਦਿਨ ਰਾਤ ਇਸ ਧੰਦੇ ਵਿਚੋਂ ਦੋਨੋਂ ਹੱਥੀਂ ਮੋਟੀ ਕਮਾਈ ਕਰ ਰਹੇ ਹਨ। ਮਾਛੀਵਾੜਾ ਬਲਾਕ ਅਧੀਨ ਪੈਂਦੇ ਪਿੰਡ ਈਸਾਪੁਰ- ਦੌਲਤਪੁਰ,ਮੰਡ ਜੋਧੇਵਾਲ ਦੇ ਨਾਲ ਵਗਦੇ ਸਤਲੁਜ ਦਰਿਆ ਵਿੱਚੋਂ ਰਾਤ ਦੇ ਹਨ੍ਹੇਰੇ ਵਿੱਚ ਬੇਖੌਫ਼ ਰੇਤੇ ਦੀ ਗੈਰ ਕਾਨੂੰਨੀ ਮਾਈਨਿੰਗ ਹੋ ਰਹੀ ਹੈ ਜਿਸ ਨੂੰ ਸਰਕਾਰ ਤੇ ਪ੍ਰਸ਼ਾਸਨ ਰੋਕਣ ਵਿੱਚ ਅਸਫਲ ਹੁੰਦਾ ਜਾਪ ਰਿਹਾ ਹੈ।

ਅੱਜ ਜਦੋਂ ਈਸਾਪੁਰ-ਦੌਲਤਪੁਰ ਦੇ ਨਾਲ ਵਗਦੇ ਸਤਲੁਜ ਦਰਿਆ ਵਿੱਚ ਜਾ ਕੇ ਦੇਖਿਆ ਗਿਆ ਤਾਂ ਉੱਥੇ ਰਾਤ ਨੂੰ ਰੇਤੇ ਦੀ ਮਾਈਨਿੰਗ ਕਰਨ ਵਾਲਿਆਂ ਵੱਲੋਂ ਬਕਾਇਦਾ ਟਰਾਲੀਆਂ ਕੱਢਣ ਲਈ ਰਸਤਾ ਬਣਾਇਆ ਹੋਇਆ ਸੀ ਜੋ ਕਿ ਸਤਲੁਜ ਦਰਿਆ ਵਿੱਚ ਬਣੀ ਇੱਕ ਰੇਤੇ ਦੀ ਖੱਡ ਵਿੱਚ ਜਾ ਰਿਹਾ ਸੀ ਜਿਥੋਂ ਸਾਫ਼ ਸਪਸ਼ਟ ਹੋ ਰਿਹਾ ਸੀ ਕਿ ਇੱਥੇ ਰਾਤ ਨੂੰ ਰੇਤੇ ਦੀ ਗੈਰ ਕਾਨੂੰਨੀ ਮਾਈਨਿੰਗ ਹੁੰਦੀ ਹੈ। ਜਾਣਕਾਰੀ ਅਨੁਸਾਰ ਕਈ ਵਾਰ ਤਾਂ ਦਿਨ ਦਿਹਾੜੇ ਵੀ ਰੇਤਾ ਵੇਚਣ ਵਾਲੇ ਬੇਖੌਫ ਟਰਾਲੀਆਂ ਭਰ ਕੇ ਵੇਚਦੇ ਹਨ।

ਜ਼ਿਕਰਯੋਗ ਹੈ ਕਿ ਪਿਛਲੇ ਸਾਲ ਸਤਲੁਜ ਦਰਿਆ ਵਿੱਚ ਆਏ ਹੜ੍ਹਾਂ ਕਾਰਨ ਵੱਡੀ ਮਾਤਰਾ ਵਿੱਚ ਰੇਤਾ ਜਮਾਂ ਹੋ ਗਿਆ ਸੀ ਜਿਸ ਨੂੰ ਚੁੱਕਣ ਲਈ ਸਰਕਾਰ ਵੱਲੋਂ ਮੇਰਾ ਖੇਤ ਮੇਰੀ ਰੇਤ ਸਕੀਮ ਤਹਿਤ ਕਿਸਾਨਾਂ ਨੂੰ ਰੇਤ ਚੁੱਕਣ ਲਈ ਖੁੱਲ ਦਿੱਤੀ ਗਈ ਸੀ ਪਰ ਇਸ ਖੁੱਲ ਦੀ ਆੜ ਵਿੱਚ ਰੇਤੇ ਦੇ ਵੱਡੇ ਠੇਕੇਦਾਰਾਂ ਵੱਲੋਂ ਨਵਾਂ ਸ਼ਹਿਰ ਅਧੀਨ ਪੈਂਦੇ ਸਤਲੁਜ ਦਰਿਆ ਵਿੱਚੋਂ ਰੇਤੇ ਦੀ ਮਾਈਨਿੰਗ ਵੱਡੀ ਪੱਧਰ ਤੇ ਕੀਤੀ ਗਈ ਪਰ 31 ਦਸੰਬਰ ਤੋਂ ਬਾਅਦ 'ਮੇਰਾ ਖੇਤ ਮੇਰਾ ਰੇਤ' ਦੀ ਯੋਜਨਾ ਬੰਦ ਹੋਣ ਕਾਰਨ ਸਤਲੁਜ ਦਰਿਆ ਵਿੱਚ ਕੋਈ ਵੀ ਸਰਕਾਰੀ ਪ੍ਰਮਾਣਿਤ ਖੱਡ ਨਹੀਂ ਚੱਲ ਰਹੀ। ਸਤਲੁਜ ਦਰਿਆ ਵਿੱਚ ਮਾਈਨਿੰਗ ਬੰਦ ਹੋਣ ਕਾਰਨ ਰੇਤਾ ਵੇਚਣ ਵਾਲੇ ਰਾਤ ਦੇ ਹਨ੍ਹੇਰੇ ਵਿੱਚ ਸਤਲੁਜ ਦਰਿਆ ਵਿੱਚੋਂ ਗੈਰ ਕਾਨੂੰਨੀ ਮਾਈਨਿੰਗ ਕਰਦੇ ਹਨ ਅਤੇ ਬਾਹਰ ਲੋਕਾਂ ਨੂੰ ਮਹਿੰਗੇ ਭਾਅ ਰੇਤਾ ਵੇਚਦੇ ਹਨ ਜਿਸ ਦਾ ਜਿੱਥੇ ਸਰਕਾਰ ਨੂੰ ਆਰਥਿਕ ਨੁਕਸਾਨ ਹੋ ਰਿਹਾ ਉੱਥੇ ਗਾਹਕਾਂ ਦੀ ਜੇਬ ਤੇ ਵੀ ਡਾਕਾ ਵੱਜ ਰਿਹਾ ਹੈ। ਹੁਣ ਵੱਡਾ ਸਵਾਲ ਇਹ ਪੈਦਾ ਹੁੰਦਾ ਹੈ ਕਿ ਕੋਈ ਵੀ ਸਰਕਾਰੀ ਰੇਤੇ ਦੀ ਖੱਡ ਨਾ ਚੱਲਦੀ ਹੋਣ ਕਾਰਨ ਇਹ ਰਾਤ ਨੂੰ ਨਜਾਇਜ਼ ਮਾਈਨਿੰਗ ਕਿਸ ਦੀ ਸ਼ਹਿ ਤੇ ਹੋ ਰਹੀ ਹੈ ਇਹ ਜਾਂਚ ਦਾ ਵਿਸ਼ਾ ਹੈ ? ਹੋਰ ਤਾਂ ਹੋਰ ਮਾਈਨਿੰਗ ਵਿਭਾਗ ਅਤੇ ਪੁਲਿਸ ਪ੍ਰਸ਼ਾਸਨ ਨੂੰ ਵੀ ਇਸ ਨਜਾਇਜ਼ ਮਾਈਨਿੰਗ ਦੀ ਕੋਈ ਭਿਣਕ ਨਹੀਂ ਲੱਗ ਰਹੀ ਤੇ ਨਾ ਹੀ ਸਰਕਾਰ ਇਸ ਨੂੰ ਰੋਕਣ ਵਿੱਚ ਸਫਲ ਹੋਈ ਹੈ ਜਿਸ ਕਾਰਨ ਗੈਰ ਕਾਨੂੰਨੀ ਮਾਈਨਿੰਗ ਕਰਨ ਵਾਲੇ ਰਾਤ ਦੇ ਹਨ੍ਹੇਰੇ ਵਿੱਚ ਟਰਾਲੀਆਂ ਭਰ ਕੇ ਤੜਕਸਾਰ ਆਪਣੇ ਆਪਣੇ ਟਿਕਾਣਿਆਂ ਤੇ ਪਹੁੰਚ ਜਾਂਦੇ ਹਨ ।ਇਹ ਗੋਰਖ ਧੰਦਾ ਕਰਨ ਲਈ ਥਾਂ -ਥਾਂ ਇਨ੍ਹਾਂ ਦੇ ਬੰਦੇ ਬੈਠੇ ਰਹਿੰਦੇ ਹਨ ਜ਼ੋ ਕਿਸੇ ਦੇ ਆਉਣ ਜਾਣ ਦਾ ਖਿਆਲ ਰੱਖਦੇ ਹੋਏ ਅਗਲੇ ਸਾਥੀਆਂ ਨੂੰ ਸੁਚੇਤ ਕਰਦੇ ਰਹਿੰਦੇ ਹਨ।

### ਕੀ ਕਹਿਣਾ ਐੱਸ.ਐੱਚ.ਓ ਮਾਛੀਵਾੜਾ ਪਵਿੱਤਰ ਸਿੰਘ ਦਾ

ਇਸ ਚੱਲ ਰਹੀ ਨਜਾਇਜ਼ ਮਾਈਨਿੰਗ ਸਬੰਧੀ ਜਦੋਂ ਥਾਣਾ ਮੁਖੀ ਮਾਛੀਵਾੜਾ ਸਾਹਿਬ ਪਵਿੱਤਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਕਿਹਾ ਕਿ ਇਹ ਮਾਮਲਾ ਉਨਾਂ ਦੇ ਧਿਆਨ ਵਿੱਚ ਆ ਗਿਆ ਹੈ, ਨਜਾਇਜ਼ ਮਾਈਨਿੰਗ ਕਿਸੇ ਨੂੰ ਵੀ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਨਜਾਇਜ਼ ਮਾਈਨਿੰਗ ਵਾਲਿਆਂ ਤੇ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਸਖ਼ਤ ਸ਼ਬਦਾਂ ਵਿੱਚ ਤਾੜਨਾ ਕਰਦਿਆਂ ਕਿਹਾ ਕਿ ਮਾਛੀਵਾੜਾ ਸਾਹਿਬ ਏਰੀਏ ਵਿੱਚ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਪੰਜਾਬ ਪੁਲਿਸ ਵੱਲੋਂ ਪੁਖਤਾ ਪ੍ਰਬੰਧ ਕੀਤੇ ਹੋਏ ਹਨ,ਜੇਕਰ ਕੋਈ ਵਿਅਕਤੀ ਫਿਰ ਵੀ ਆਪਣੀਆਂ ਕੋਝੀਆਂ ਹਰਕਤਾਂ ਤੋਂ ਬਾਜ਼ ਨਾ ਆਇਆ ਤਾਂ ਸਖਤ ਤੋਂ ਸਖਤ ਕਾਰਵਾਈ ਕਰਦਿਆਂ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਤੇਜਧਾਰ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਕਰਨ ਦੀ ਤਾਕ ਵਿੱਚ ਬੈਠਾ ਗਿਰੋਹ ਪੁਲਿਸ ਅੜਿੱਕੇ

### ਦੋਸ਼ੀਆਂ ਖਿਲਾਫ ਪਹਿਲਾਂ ਵੀ ਚੋਰੀ ਅਤੇ ਹੋਰ ਸੰਗੀਨ ਧਾਰਾਵਾਂ ਤਹਿਤ ਮੁਕੱਦਮੇ ਦਰਜ



**ਕੋਟਕਪੂਰਾ, 16 ਜਨਵਰੀ (ਟਿੰਕੂ ਕੁਮਾਰ)** :- ਡਾ. ਪ੍ਰਗਿਆ ਜੈਨ ਐਸ.ਐਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਫਰੀਦਕੋਟ ਪੁਲਿਸ ਵੱਲੋਂ ਮਾੜੇ ਅਨਸਰਾਂ ਖਿਲਾਫ ਲਗਾਤਾਰ ਸਖਤ ਕਾਰਵਾਈ ਅਮਲ ਵਿੱਚ ਲਿਆਦੀ ਜਾ ਰਹੀ ਹੈ। ਇਸੇ ਕੜੀ ਤਹਿਤ ਜੋਗੇਸ਼ਵਰ ਸਿੰਘ ਗੋਰਾਇਆ ਐਸ.ਪੀ. (ਇਨਵੈਸਟੀਗੇਸ਼ਨ) ਫਰੀਦਕੋਟ ਦੀ ਰਹਿਨੁਮਾਈ ਅਤੇ ਸੰਜੀਵ ਕੁਮਾਰ ਡੀ.ਐਸ.ਪੀ. (ਸ.ਡ) ਕੋਟਕਪੂਰਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਥਾਣਾ ਸਦਰ ਕੋਟਕਪੂਰਾ ਵੱਲੋ ਤੇਜਧਾਰ ਹਥਿਆਰਾਂ ਦੀ ਨੋਕ 'ਤੇ ਲੁੱਟ-ਖੋਹ ਕਰਨ ਦੀ ਤਾਕ ਵਿੱਚ ਬੈਠੇ ਗਿਰੋਹ ਵਿੱਚ ਸ਼ਾਮਿਲ 5 ਮੈਂਬਰਾਂ ਨੂੰ ਵਾਰਦਾਤ ਨੂੰ ਅੰਜਾਮ ਦੇਣ ਤੋ ਪਹਿਲਾਂ ਹੀ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ। ਗ੍ਰਿਫਤਾਰ ਕੀਤੇ ਗਏ ਦੋਸ਼ੀਆਂ ਵਿੱਚ ਬੇਅੰਤ ਸਿੰਘ ਉਰਫ ਕਾਲਾ, ਜੋ ਪਿੰਡ ਢਿੱਲਵਾਂ ਕਲਾਂ ਦਾ ਰਹਿਣ ਵਾਲਾ ਹੈ, ਸ਼ਾਮਲ ਹੈ, ਜਦਕਿ ਰਾਜਵੀਰ ਸਿੰਘ, ਜਿੰਦਰਪਾਲ ਸਿੰਘ ਉਰਫ ਜਿੰਦਾ, ਗੁਰਪ੍ਰੀਤ ਸਿੰਘ ਉਰਫ ਗੋਲੂ ਅਤੇ ਹਰਜਿੰਦਰ ਸਿੰਘ ਪਿੰਡ ਸੰਧਵਾ ਦੇ ਰਿਹਾਇਸ਼ੀ ਹਨ। ਪੁਲਿਸ ਪਾਰਟੀ ਵੱਲੋਂ ਦੋਸ਼ੀਆ ਪਾਸੋ 01 ਲੋਹੇ ਦੀ ਸੱਬਲ, 02 ਕਾਪੇ ਅਤੇ 01 ਲੋਹੇ ਦੀ ਕੁਹਾੜੀ ਬਰਾਮਦ ਕੀਤੀ ਗਈ ਹੈ। ਕਾਰਵਾਈ ਦੇ ਵੇਰਵੇ ਇਸ ਪ੍ਰਕਾਰ ਹਨ ਕਿ ਇੰਸਪੈਕਟਰ ਗੁਰਾਂਦਿੱਤਾ ਸਿੰਘ ਮੁੱਖ ਅਫਸਰ ਥਾਣਾ ਸਦਰ ਕੋਟਕਪੂਰਾ ਦੀ ਨਿਗਰਾਨੀ ਹੇਠ ਸਹਾਇਕ ਥਾਣੇਦਾਰ ਸੁਰਿੰਦਰਜੀਤ ਸਿੰਘ ਪੁਲਿਸ ਪਾਰਟੀ ਸਮੇਤ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੇ ਸਬੰਧ ਵਿੱਚ ਬੱਸ ਅੱਡਾ, ਪਿੰਡ ਸੰਧਵਾਂ ਵਿਖੇ ਮੌਜੂਦ ਸੀ ਤਾ ਉਹਨਾ ਨੂੰ ਇਤਲਾਹ ਮਿਲੀ ਕਿ ਇਹ ਸਾਰੇ ਦੋਸ਼ੀ ਆਪਸ ਵਿੱਚ ਦੋਸਤ ਹਨ ਅਤੇ ਵਾਰਦਾਤਾ ਕਰਨ ਦੇ ਆਦੀ ਹਨ, ਜੋ ਕਿ ਸੰਧਵਾਂ ਤੋ ਭਾਣਾ ਲਿੰਕ ਰੋਡ ਕੋਲ ਤੇਜਧਾਰ ਹਥਿਆਰਾਂ ਨਾਲ ਕੋਈ ਵਾਰਦਾਤ ਕਰਨ ਦੇ ਇਰਾਦੇ ਨਾਲ ਬੈਠੇ ਹਨ। ਜਿਸ 'ਤੇ ਪੁਲਿਸ ਪਾਰਟੀ ਵੱਲੋ ਤੁਰਤ ਕਾਰਵਾਈ ਕਰਦੇ ਹੋਏ ਮੌਕੇ 'ਤੇ ਪਹੁੰਚ ਕੇ ਉਕਤਾਨ ਸਾਰੇ ਦੋਸ਼ੀਆ ਨੂੰ ਮੌਕੇ 'ਤੇ ਕਾਬੂ ਕੀਤਾ ਗਿਆ। ਜਿੰਨਾ ਪਾਸੋ ਪੁਲਿਸ ਪਾਰਟੀ ਵੱਲੋਂ 01 ਲੋਹੇ ਦੀ ਸੱਬਲ, 02 ਕਾਪੇ ਅਤੇ 01 ਲੋਹੇ ਦੀ ਕੁਹਾੜੀ ਬਰਾਮਦ ਕੀਤੀ ਗਈ। ਇਸ ਸਬੰਧੀ ਥਾਣਾ ਸਦਰ ਕੋਟਕਪੂਰਾ ਵਿਖੇ ਮੁਕੱਦਮਾ ਨੰਬਰ 10 ਮਿਤੀ 15.01. 2026 ਅਧੀਨ ਧਾਰਾ 310(4), 310(5) ਬੀ.ਐਨ.ਐਸ ਦਰਜ ਰਜਿਸਟਰ ਕੀਤਾ ਗਿਆ ਹੈ। ਮੁੱਢਲੀ ਤਫਤੀਸ਼ ਦੌਰਾਨ ਇਹ ਸਾਹਮਣੇ ਆਇਆ ਕਿ ਇਹ ਦੋਸ਼ੀ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਸੀ। ਜਿਹਨਾ ਨੂੰ ਕਾਬੂ ਕਰਨ ਨਾਲ ਫਰੀਦਕੋਟ ਪੁਲਿਸ ਵੱਲੋਂ ਕਿਸੇ ਵੱਡੀ ਵਾਰਦਾਤ ਨੂੰ ਰੋਕਣ ਵਿੱਚ ਸਫਲਤਾ ਹਾਸਿਲ ਹੋਈ ਹੈ। ਇੱਥੇ ਇਹ ਵੀ ਦੱਸਣਯੋਗ ਹੈ ਕਿ ਜਦ ਦੋਸ਼ੀਆ ਦੇ ਕ੍ਰਿਮੀਨਲ ਰਿਕਾਰਡ ਦੀ ਜਾਚ ਕੀਤੀ ਗਈ ਤਾਂ ਇਹ ਸਾਹਮਣੇ ਆਇਆ ਕਿ ਗ੍ਰਿਫਤਾਰ ਦੋਸ਼ੀਆ ਦੇ ਖਿਲਾਫ ਪਹਿਲਾਂ ਵੀ ਚੋਰੀ ਅਤੇ ਹੋਰ ਸੰਗੀਨ ਧਾਰਾਵਾਂ ਤਹਿਤ 4 ਮੁਕੱਦਮੇ ਦਰਜ ਰਜਿਸਟਰ ਹਨ। ਫਰੀਦਕੋਟ ਪੁਲਿਸ ਵੱਲੋਂ ਗ੍ਰਿਫਤਾਰ ਦੋਸ਼ੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਿਲ ਕੀਤਾ ਜਾ ਰਿਹਾ ਹੈ ਤਾਂ ਜੋ ਦੋਸ਼ੀਆ ਦੇ ਬੈਕਵਰਡ ਅਤੇ ਫਾਰਵਰਡ ਲਿੰਕਾ ਦੀ ਬਾਰੀਕੀ ਨਾਲ ਜਾਚ ਕੀਤੀ ਜਾ ਸਕੇ। ਫਰੀਦਕੋਟ ਪੁਲਿਸ ਵੱਲੋਂ ਮਾੜੇ ਅਨਸਰਾਂ ਖਿਲਾਫ ਲਗਾਤਾਰ ਸਖਤ ਕਾਰਵਾਈ ਕਰਦੇ ਹੋਏ ਆਪਣੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਦ੍ਰਿੜਤਾ ਨਾਲ ਨਿਭਾਈ ਜਾ ਰਹੀ ਹੈ। ਜਿਲ੍ਹੇ ਦੇ ਨਾਗਰਿਕਾ ਦੀ ਸੁਰੱਖਿਆ ਸਭ ਤੋ ਵੱਡੀ ਪ੍ਰਥਮਿਕਤਾ ਹੈ, ਅਤੇ ਇਸ ਉਦੇਸ਼ ਲਈ ਫਰੀਦਕੋਟ ਪੁਲਿਸ ਲਗਾਤਾਰ ਮਾੜੇ ਅਨਸਰਾਂ ਖਿਲਾਫ ਸਖਤ ਕਦਮ ਚੁੱਕਦੀ ਰਹੇਗੀ।

## 180 ਨਸ਼ੀਲੀਆਂ ਗੋਲੀਆਂ ਸਮੇਤ ਇੱਕ ਕਾਬੂ, ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਸ ਦੀ ਵੱਡੀ ਕਾਰਵਾਈ

**ਪਾਤੜਾਂ, 16 ਜਨਵਰੀ (ਜਸਵਿੰਦਰ ਸਿੰਘ ਪਾਰਸ)** ਨਸ਼ਿਆਂ ਦੇ ਖ਼ਿਲਾਫ਼ ਚਲ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਾਤੜਾਂ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਭੈੜੇ ਅਨਸਰਾਂ ਨੂੰ ਕਾਬੂ ਕਰਨ ਦੇ ਮਕਸਦ ਨਾਲ ਪਿੰਡ ਸ਼ੁਤਰਾਣਾ ਵਿਖੇ ਕੀਤੀ ਕਾਰਵਾਈ ਦੌਰਾਨ ਇੱਕ ਵਿਅਕਤੀ ਨੂੰ 180 ਨਸ਼ੀਲੀਆਂ ਗੋਲੀਆਂ ਸਮੇਤ ਗਿਰਫ਼ਤਾਰ ਕੀਤਾ ਗਿਆ। ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਮਲਕੀਤ ਸਿੰਘ ਆਪਣੀ ਪੁਲਸ ਪਾਰਟੀ ਸਮੇਤ ਪਿੰਡ ਸ਼ੁਤਰਾਣਾ ਵਿੱਚ ਮੌਜੂਦ ਸਨ। ਇਸ ਦੌਰਾਨ ਇੱਕ ਵਿਅਕਤੀ ਨੂੰ ਸ਼ੱਕ ਦੇ ਆਧਾਰ 'ਤੇ ਰੋਕ ਕੇ ਤਲਾਸ਼ੀ ਲਈ ਗਈ, ਜਿਸ ਦੌਰਾਨ ਉਸ ਦੇ ਪਾਸੋਂ 180 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਕਥਿਤ ਦੋਸ਼ੀ ਦੀ ਪਛਾਣ ਰਿੰਕੂ ਰਾਮ ਵਾਸੀ ਪਿੰਡ ਸ਼ੁਤਰਾਣਾ, ਥਾਣਾ ਪਾਤੜਾਂ ਵਜੋਂ ਹੋਈ ਹੈ। ਪੁਲਸ ਵੱਲੋਂ ਦੋਸ਼ੀ ਖ਼ਿਲਾਫ਼ ਮੁਕੱਦਮਾ ਨੰਬਰ 13 ਮਿਤੀ 15-01-2026 ਐੱਨ ਡੀ ਪੀ ਐੱਸ ਐਕਟ ਦੀਆਂ ਧਾਰਾਵਾਂ 22/61/85 ਤਹਿਤ ਥਾਣਾ ਪਾਤੜਾਂ ਵਿਖੇ ਦਰਜ ਕਰਕੇ ਅਗਲੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਪੁਲਸ ਅਧਿਕਾਰੀਆਂ ਨੇ ਕਿਹਾ ਕਿ ਨਸ਼ਿਆਂ ਖ਼ਿਲਾਫ਼ ਮੁਹਿੰਮ ਅੱਗੇ ਵੀ ਪੂਰੀ ਸਖ਼ਤੀ ਨਾਲ ਜਾਰੀ ਰਹੇਗੀ ਅਤੇ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।